# ਦਫਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

# ਨਗਰ ਨਿਗਮ ਵਲੋਂ ਵੀ ਅਜਾਦੀ ਦਿਵਸ ਸਮਾਰੋਹ ਮਨਾਇਆ ਜਾਵੇਗਾ .................... ਕਮਿਸ਼ਨਰ ਰਾਹੁਲ ਚਾਬਾ

# ਮੇਅਰ ਨਗਰ ਨਿਗਮ ਸ਼ਿਵ ਸੂਦ ਇਸ ਮੌਕੇ ਤੇ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ

ਹੁਸ਼ਿਆਰਪੁਰ 13 ਅਗਸਤ ਕਮਿਸ਼ਨਰ ਨਗਰ ਨਿਗਮ ਰਾਹੁਲ ਚਾਬਾ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਨਗਰ ਨਿਗਮ, ਹੁਸ਼ਿਆਰਪੁਰ ਵਲੋਂ 70ਵੇਂ ਸਵਤੰਤਰਤਾ ਦਿਵਸ ਸਬੰਧੀ ਸਮਾਰੋਹ ਦਫਤਰ ਨਗਰ ਨਿਗਮ ਵਿਖੇ 15 ਅਗਸਤ 2016 ਦਿਨ ਸੋਮਵਾਰ ਨੂੰ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਇਸ ਮੋਕੇ ਤੇ ਮੇਅਰ ਨਗਰ ਨਿਗਮ ਸ਼੍ਰੀ ਸ਼ਿਵ ਕੁਮਾਰ ਸੂਦ ਮੁੱਖ ਮਹਿਮਾਨ ਵਜੋਂ ਇਸ ਸਮਾਗਮ ਵਿੱਚ ਸ਼ਾਮਿਲ ਹੋਣਗੇ ਅਤੇ ਸਵੇਰੇ 8.00 ਵਜੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ। ਇਸ ਮੌਕੇ ਤੇ ਪੁਲਿਸ ਦੀ ਟੁਕੜੀ ਵੱਲੋਂ ਕੌਮੀ ਝੰਡੇ ਨੂੰ ਸਲਾਮੀ ਦਿੱਤੀ ਜਾਵੇਗੀ। ਸਮੂਹ ਕੌਂਸਲਰ ਅਤੇ ਨਗਰ ਨਿਗਮ ਦਾ ਸਟਾਫ ਵੀ ਇਸ ਸਮਾਗਮ ਵਿੱਚ ਸ਼ਾਮਲ ਹੋਣਗੇ।